

ਜਲੰਧਰ ਅਜੀਤ
ਅਜੀਤ ਜਲੰਧਰ
ਸੋਮਵਾਰ, 20 ਅਕਤੂਬਰ 2025





## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।



**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 **ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।**



ਕੈਂਪ ਦੇ ਉਦਘਾਟਨ ਮੌਕੇ ਮੁੱਖ ਮਹਿਮਾਨ, ਮੰਚ ਦੇ ਅਹੁਦੇਦਾਰ ਅਤੇ ਡਾਕਟਰ ਸਾਹਿਬਾਨ।

# ਜੰਡਿਆਲਾ 'ਚ ਅੱਖਾਂ ਦੇ ਕੈਂਪ ਮੌਕੇ ਪੰਜ ਸੌ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ, ਡੇਢ ਸੌ ਦੇ ਲਗਭਗ ਮਰੀਜ਼ਾਂ ਨੂੰ ਲੈਂਜ਼ ਪਾਉਣ ਲਈ ਚੁਣਿਆ

ਜੰਡਿਆਲਾ ਮੰਜਕੀ, 19 ਅਕਤੂਬਰ (ਸੁਰਜੀਤ ਸਿੰਘ ਜੰਡਿਆਲਾ)-ਸਥਾਨਕ



ਕੈਂਪ ਦੌਰਾਨ ਇੱਕ ਮਰੀਜ਼ ਦੀਆਂ ਅੱਖਾਂ ਦੀ ਜਾਂਚ ਕਰਦੇ ਹੋਏ ਡਾਕਟਰ ਮਨਦੀਪ ਸੂਦ ਅਤੇ ਨਾਲ ਮੰਚ ਦੇ ਸਮੂਹ ਅਹੁਦੇਦਾਰ।

ਕਸਬੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਜੰਡਿਆਲਾ ਲੋਕ ਭਲਾਈ ਮੰਚ ਰਜਿ. ਵੱਲੋਂ ਪ੍ਰਧਾਨ ਮੱਖਣ ਪੱਲਣ ਅਤੇ ਜਨਰਲ ਸਕੱਤਰ ਤਰਸੇਮ ਸਿੰਘ ਦੀ ਅਗਵਾਈ ਹੇਠ ਸਲਾਨਾ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ। ਅਮਰੀਕਾ ਦੀ ਪ੍ਰਸਿੱਧ ਸੰਸਥਾ ਤੇਜਾ ਐਂਡ ਲਿਓਨਾਰਾ ਜੌਹਲ ਦੇ ਆਰਥਿਕ ਸਹਿਯੋਗ ਨਾਲ ਲਗਾਏ ਜਾਂਦੇ ਸਲਾਨਾ ਕੈਂਪ ਮੌਕੇ 500 ਦੇ ਲਗਭਗ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਔਕੁਲਸ ਹਸਪਤਾਲ ਤੋਂ ਅੱਖਾਂ ਦੇ ਮਾਹਿਰ ਡਾਕਟਰ ਮਨਦੀਪ ਸੂਦ ਅਤੇ ਅਮਨਦੀਪ ਔਜਲਾ ਦੀ ਟੀਮ ਵੱਲੋਂ ਕੀਤੀ ਗਈ ਅਤੇ ਦਵਾਈਆਂ ਮੁਫਤ ਦਿੱਤੀਆਂ ਗਈਆਂ। 150 ਦੇ ਲਗਭਗ ਮਰੀਜ਼ਾਂ ਨੂੰ ਲੈਂਨਜ ਪਾਉਣ ਲਈ ਚੁਣਿਆ ਗਿਆ। ਕੈਂਪ ਦਾ ਉਦਘਾਟਨ ਪ੍ਰਵਾਸੀ ਭਾਰਤੀ ਤਰਨਵੀਰ ਜੌਹਲ ਅਤੇ ਗੁਰਮੀਤ ਕੌਰ ਜੌਹਲ ਵੱਲੋਂ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮੱਖਣ ਪੱਲਣ ਅਤੇ ਜਨਰਲ ਸਕੱਤਰ ਤਰਸੇਮ ਸਿੰਘ ਨੇ ਮੰਚ ਵੱਲੋਂ ਕੀਤੇ ਜਾਂਦੇ ਲੋਕ ਭਲਾਈ ਦੇ ਕੰਮਾਂ ਦੀ ਵਿਸਥਾਰਤ ਜਾਣਕਾਰੀ ਦਿੱਤੀ। ਇਸ ਮੌਕੇ ਮਾਸਟਰ ਸੁਖਜੀਤ ਸਿੰਘ, ਐਸਡੀਓ ਜੋਗਿੰਦਰ ਸਿੰਘ, ਸਕੱਤਰ ਸੁਰਜੀਤ ਸਿੰਘ, ਵਿਜੈ ਧਰਨੀ, ਮਨੂ ਦੇਵ, ਕਾਮਰੇਡ ਕੁਲਵੰਤ ਸਿੰਘ,ਚੀਫ ਫਾਰਮਾਸਿਸਟ ਸੁਖਵਿੰਦਰ ਕੌਰ, ਜਸਵੀਰ ਕੌਰ, ਰਣਧੀਰ ਸਿੰਘ ਗੁਜਰਾਲ, ਸੁਖਵਿੰਦਰ ਸਿੰਘ, ਮੈਂਬਰ ਪੰਚਾਇਤ ਜਸਵਿੰਦਰ ਸਿੰਘ, ਗੁਰਚੇਤਨ ਸਿੰਘ ਜੌਹਲ, ਮੱਖਣ ਸਿੰਘ ਜੌਹਲ, ਮਾਸਟਰ ਬਲਕਾਰ ਸਿੰਘ, ਹਰਮੇਸ਼ ਲਾਲ ਮੇਸ਼ੀ,ਸੱਤਪਾਲ ਗਾਬਾ, ਮੁਖਤਿਆਰ ਸਿੰਘ ਜੇਈ, ਜਸਵਿੰਦਰ ਸਿੰਘ ਰਿਟਾਇਰਡ ਬੀਈਓ, ਸੁਖਵਿੰਦਰ ਸਿੰਘ ਕੈਂਥ ਆਦਿ ਵੀ ਹਾਜ਼ਰ ਸਨ। ਆਈਆਂ ਸੰਗਤਾਂ ਲਈ ਚਾਹ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।



ਕੈਂਪ ਮੌਕੇ ਹਾਜ਼ਰ ਅਹੁਦੇਦਾਰ ਅਤੇ ਮਰੀਜ਼।

# ਆਪੀ ਫਾਊਂਡੇਸ਼ਨ ਕਰਤਾਰਪੁਰ ਵਲੋਂ ਉਤਸ਼ਾਹ ਨਾਲ ਮਨਾਇਆ ਦੀਵਾਲੀ ਦਾ ਤਿਉਹਾਰ



ਪ੍ਰਿੰਸੀਪਲ ਰਜਨੀ ਲਾਂਬਾ ਅਤੇ ਸੋਢੀ ਸਿੰਘ ਨੂੰ ਦੀਵਾਲੀ ਦਾ ਤੋਹਫਾ ਭੇਟ ਕਰਦੇ ਹੋਏ ਫਾਊਂਡੇਸ਼ਨ ਦੇ ਆਗੂ। ਤਸਵੀਰ-ਜਨਕ ਰਾਜ ਗਿੱਲ

ਕਰਤਾਰਪੁਰ, 19 ਅਕਤੂਬਰ (ਜਨਕ ਰਾਜ ਗਿੱਲ)-ਸਮਾਜ ਭਲਾਈ ਕੰਮਾਂ ਵਿੱਚ ਮੁਹਰੀ ਸੰਸਥਾ ਆਪੀ ਫਾਊਂਡੇਸ਼ਨ ਕਰਤਾਰਪੁਰ ਵਲੋਂ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਦੇ ਨਾਲ ਪ੍ਰਧਾਨ ਬਿਮਲ ਜੈਨ ਸੰਸਥਾ ਦੇ ਸਕੱਤਰ ਮੈਡਮ ਸੁਮਨ ਲਤਾ ਅਤੇ ਉੱਘੇ ਸਮਾਜ ਸੇਵੀ ਆਗੂ ਅਤੇ ਆੜ੍ਹਤੀ ਐਸੋਸੀਏਸ਼ਨ ਕਰਤਾਰਪੁਰ ਦੇ ਪ੍ਰਧਾਨ ਸਤੀਸ਼ ਗੁਪਤਾ ਅਤੇ ਸਮਾਜ ਸੇਵੀ ਜੱਸੀ ਚਾਹਲ ਦੀ ਅਗਵਾਈ ਹੇਠ ਮਨਾਇਆ ਗਿਆ। ਜਿਸਦੇ ਚਲਦਿਆਂ ਸੰਸਥਾ ਦੇ ਸਮੂਹ ਮੈਂਬਰਾਂ ਵਲੋਂ ਲਕਸ਼ਮੀ ਪੂਜਾ ਕੀਤੀ ਅਤੇ ਸਰਬੱਤ ਭਲੇ ਦੀ ਅਰਦਾਸ ਕਰਦੇ ਹੋਏ ਸੰਸਥਾ ਲਈ ਕੰਮ ਕਰ ਰਹੇ ਵਰਕਰਾਂ ਅਤੇ ਸਮਾਜ ਸੇਵੀ ਆਗੂਆਂ ਨੂੰ ਤੋਹਫੇ ਭੇਟ ਕਰਦੇ ਹੋਏ ਦੀਵਾਲੀ ਦੇ ਇਸ ਪਾਵਨ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਸਮਾਗਮ 'ਚ ਆਏ ਪਤਵੰਤਿਆਂ ਨੂੰ ਵਧਾਈ ਦਿੰਦੇ ਹੋਏ ਸਾਂਝੇ ਤੌਰ ਤੇ ਪ੍ਰਧਾਨ ਬਿਮਲ ਜੈਨ ਸੰਸਥਾ ਦੇ ਸਕੱਤਰ ਮੈਡਮ ਸੁਮਨ ਲਤਾ 'ਤੇ ਪ੍ਰਧਾਨ ਸਤੀਸ਼ ਗੁਪਤਾ ਨੇ ਆਖਿਆ ਕਿ 'ਦੇਸ਼ ਅਤੇ ਸੂਬੇ ਅੰਦਰ ਅੱਜ ਜਿੱਥੇ ਦੀਵਾਲੀ ਦੇ ਪੂਰਬ ਦੀ ਖੁਸ਼ੀ ਸਾਂਝੀ ਲੋਕਾਂ ਵਲੋਂ ਕੀਤੀ ਜਾ ਰਹੀ ਹੈ ਅਤੇ ਇਸ ਖੁਸ਼ੀ ਦੇ ਨਾਲ ਪ੍ਰਣ ਕਰਨਾ ਚਾਹੀਦਾ ਹੈ ਕਿ ਜਿੱਥੇ ਅਸੀ ਪਰਿਵਾਰਕ ਮੈਂਬਰਾਂ ਰਿਸ਼ਤੇਦਾਰਾਂ ਅਤੇ ਦੋਸਤ ਮਿਤਰਾਂ ਨਾਲ ਇਸ ਖੁਸ਼ੀ ਦੀ ਸਾਂਝ ਪਾਉਂਦੇ ਹਾਂ ਉਥੇ ਨਾਲ ਹੀ ਸਾਨੂੰ ਸਮਾਜ ਅੰਦਰ ਹਮੇਸ਼ਾ ਗਰੀਬ ਅਤੇ ਜਰੂਰਤ ਮੰਦਾਂ ਦੀ ਮਦਦ ਲਈ ਵੀ ਅੱਗੇ ਆ ਕੇ ਸਮਾਜ ਭਲਾਈ ਦੇ ਕੰਮਾਂ ਨੂੰ ਵੀ ਤਰਜੀਹ ਦੇਣੀ ਚਾਹੀਦੀ ਹੈ ਅਤੇ ਇਸ ਉਪਰਾਲੇ 'ਚ ਪਿਛਲੇ ਕਈ ਦਹਾਕਿਆਂ ਤੋਂ ਆਪੀ ਫਾਉਂਡੇਸ਼ਨ ਸਿੱਖਿਆ,ਸਿਹਤ ਅਤੇ ਜਰੂਰਤ ਮੰਦਾਂ ਦੀ ਮਦਦ 'ਚ ਅੱਗੇ ਹੈ ਅਤੇ ਇਸ ਉਪਰਾਲੇ 'ਚ ਸੰਸਥਾ ਨੂੰ ਦਾਨੀ ਸੱਜਣਾ ਵਲੋਂ ਵੀ ਭਰਭੂਰ ਸਹਿਯੋਗ ਦਿੱਤਾ ਜਾ ਰਿਹਾ ਹੈ ।

**ਤਿਉਹਾਰਾਂ ਦੀਆਂ ਖੁਸ਼ੀਆਂ ਮੌਕੇ ਸਾਨੂੰ ਹਮੇਸ਼ਾ ਸਮਾਜ ਭਲਾਈ ਦੇ ਕੰਮਾਂ ਨੂੰ ਵੀ ਤਰਜੀਹ ਦੇਣੀ ਚਾਹੀਦੀ ਹੈ-ਆਪੀ ਫਾਊਂਡੇਸ਼ਨ ਦੇ ਆਗੂ**

## ਜਨਮ ਦਿਨ ਮੁਬਾਰਕ



ਹਿਮੰਕ
ਵਾਸੀ : ਜਲੰਧਰ



ਤਨਵੀਰ ਕੌਰ
ਪਿਤਾ : ਸੁਖਵਿੰਦਰ ਸਿੰਘ
ਮਾਤਾ : ਖੁਸ਼ੀ
ਵਾਸੀ : ਪਿੰਡ ਚੋਮੋ ਆਦਮਪੁਰ, ਜਲੰਧਰ



ਹਰਨੂਰ ਕੌਰ
ਪਿਤਾ : ਗੁਰਜੀਤ ਸਿੰਘ
ਮਾਤਾ : ਅਮਨਦੀਪ ਕੌਰ
ਵਾਸੀ : ਜਲੰਧਰ



ਨਵਰਾਜ ਸਿੰਘ
ਪਿਤਾ- ਵਰਿੰਦਰ ਸਿੰਘ
ਮਾਤਾ- ਹਰਪ੍ਰੀਤ ਕੌਰ
ਵਾਸੀ- ਪੱਤੀ ਹਵੇਲੀ, ਮਲਸੀਆਂ, (ਸ਼ਾਹਕੋਟ)

# ਤਿਉਹਾਰਾਂ ਦੌਰਾਨ ਸਰਕਾਰੀ ਕਰਮਚਾਰੀਆਂ ਤੇ ਆਮ ਜਨਤਾ ਨੂੰ ਪ੍ਰੇਸ਼ਾਨ ਕਰਨਾ ਬੰਦ ਕਰੇ ਮਾਨ ਸਰਕਾਰ- ਰੰਧਾਵਾ

ਜਲੰਧਰ, 19 ਅਕਤੂਬਰ (ਜਸਪਾਲ ਸਿੰਘ)-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਕਰਤਾਰਪੁਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਰਾਜਿੰਦਰਪਾਲ ਸਿੰਘ ਰਾਣਾ ਰੰਧਾਵਾ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਸਰਕਾਰੀ ਕਰਮਚਾਰੀਆਂ ਨੂੰ ਤਨਖਾਹਾਂ ਤੇ ਬਕਾਏ ਨਾ ਦੇਣ ਲਈ ਪੰਜਾਬ ਸਰਕਾਰ ਦੀ ਸਖ਼ਤ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਦੀ ਨਾਕਾਮੀ ਕਾਰਨ, ਰੋਡਵੇਜ਼ ਤੇ ਪੀ.ਆਰ.ਟੀ.ਸੀ. ਬੱਸਾਂ ਦੇ ਕਰਮਚਾਰੀ ਹੜਤਾਲ 'ਤੇ ਜਾਣ ਲਈ ਮਜਬੂਰ ਹੋ ਰਹੇ ਹਨ, ਜਿਸ ਨਾਲ ਆਮ ਯਾਤਰੀਆਂ ਨੂੰ ਭਾਰੀ ਪ੍ਰੇਸ਼ਾਨੀ ਹੋ ਰਹੀ ਹੈ। ਉਨ੍ਹਾਂ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਰੋਡਵੇਜ਼ ਤੇ ਪੀ.ਆਰ.ਟੀ.ਸੀ. ਦੇ ਠੇਕਾ ਕਰਮਚਾਰੀਆਂ ਦੀਆਂ ਤਨਖਾਹਾਂ ਤੇ ਬਕਾਏ ਤੁਰੰਤ ਅਦਾ ਕੀਤੇ ਜਾਣ। ਉਹ ਆਪਣੀਆਂ ਮੰਗਾਂ ਲਈ ਦੋ ਘੰਟੇ ਬੱਸਾਂ ਰੋਕ ਰਹੇ ਹਨ, ਅਤੇ ਆਮ ਯਾਤਰੀਆਂ ਨੂੰ ਇਸਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕਰਮਚਾਰੀਆਂ ਦੀਆਂ ਸਾਰੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕੀਤਾ ਜਾਵੇ।



# ਸ਼ਾਹਕੋਟ ਦੇ ਲੋਕ ਪਟਾਕਿਆਂ ਰਹਿਤ 'ਹਰੀ ਦੀਵਾਲੀ' ਮਨਾਉਣ-ਐੱਮ.ਸੀ ਸਵੀਨਾ ਕੁਮਰਾ

**ਹਰ ਪਰਿਵਾਰ ਨੂੰ ਦੀਵਾਲੀ 'ਤੇ ਘੱਟੋ-ਘੱਟ ਇਕ ਬੂਟਾ ਲਗਾਉਣ ਦੀ ਅਪੀਲ**

ਸ਼ਾਹਕੋਟ, 19 ਅਕਤੂਬਰ (ਦਲਜੀਤ ਸਿੰਘ ਸਚਦੇਵਾ)-ਸ਼ਾਹਕੋਟ ਦੇ ਵਾਰਡ ਨੰਬਰ 5 ਦੀ ਐੱਮ.ਸੀ ਸ਼੍ਰੀਮਤੀ ਸਵੀਨਾ ਕੁਮਰਾ ਤੇ ਉਨ੍ਹਾਂ ਦੇ ਪਤੀ ਟਿੰਪੀ ਕੁਮਰਾ ਸਮਾਜ ਸੇਵਕ ਨੇ ਸ਼ਾਹਕੋਟ ਵਾਸੀਆਂ ਨੂੰ ਵਾਤਾਵਰਨ ਪੱਖੀ 'ਹਰੀ ਦੀਵਾਲੀ' ਮਨਾਉਣ ਦਾ ਸੱਦਾ ਦਿੱਤਾ ਹੈ, ਜਿਸ ਦਾ ਮੁੱਖ ਮਕਸਦ ਵਾਤਾਵਰਨ ਦੀ ਸ਼ੁੱਧਤਾ ਤੇ ਕੁਦਰਤ ਦੀ ਸੰਭਾਲ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਦੀਵਾਲੀ ਤੋਂ ਬਾਅਦ ਹਵਾ ਦੀ ਗੁਣਵੱਤਾ ਖ਼ਤਰਨਾਕ ਪੱਧਰ 'ਤੇ ਪਹੁੰਚ ਜਾਂਦੀ ਹੈ। ਇਹ ਸਿਰਫ਼ ਵਾਤਾਵਰਨ ਦਾ ਮਾਮਲਾ ਨਹੀਂ ਹੈ, ਸਗੋਂ ਇਹ ਸਾਡੇ ਫੇਫੜਿਆਂ, ਦਿਲ ਤੇ ਸਮੁੱਚੀ ਸਿਹਤ ਦਾ ਮਾਮਲਾ ਹੈ। ਪਟਾਕਿਆਂ ਦੇ ਧੂਏਂ ਤੋਂ ਬਜ਼ੁਰਗਾਂ, ਬੱਚਿਆਂ ਤੇ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਨੂੰ ਸਭ ਤੋਂ ਵੱਧ ਪ੍ਰੇਸ਼ਾਨੀ ਹੁੰਦੀ ਹੈ। ਸ਼੍ਰੀਮਤੀ ਕੁਮਰਾ ਨੇ ਕਿਹਾ ਕਿ ਪਟਾਕਿਆਂ 'ਤੇ ਖਰਚ ਕੀਤੇ ਜਾਣ ਵਾਲੇ ਪੈਸੇ ਨੂੰ ਕਿਸੇ ਸਮਾਜਿਕ ਕਾਰਜ ਲਈ ਵਰਤਿਆ ਜਾ ਸਕਦਾ ਹੈ, ਜਿਵੇਂ ਕਿ ਲੋੜਵੰਦ ਬੱਚਿਆਂ ਨੂੰ ਸਿੱਖਿਆ ਸਮੱਗਰੀ ਦੇਣਾ ਜਾਂ ਕਿਸੇ ਪਿੰਡ ਵਿੱਚ ਰੁੱਖ ਲਗਾਉਣ ਦੀ ਮੁਹਿੰਮ ਚਲਾਉਣਾ। ਉਨ੍ਹਾਂ ਕਿਹਾ ਕਿ ਹਰ ਪਰਿਵਾਰ ਨੂੰ ਇਸ ਦੀਵਾਲੀ 'ਤੇ ਘੱਟੋ-ਘੱਟ ਇਕ ਪੌਦਾ ਲਗਾਉਣਾ ਚਾਹੀਦਾ ਹੈ। ਆਓ ਆਪਾਂ ਸਾਰੇ ਇੱਕ ਅਜਿਹੀ ਦੀਵਾਲੀ, ਜਿੱਥੇ ਖੁਸ਼ੀ ਤਾਂ ਹੋਵੇ, ਪਰ ਪ੍ਰਦੂਸ਼ਣ ਨਾ ਹੋਵੇ।





ਸਵੀਨਾ ਕੁਮਰਾ ਤੇ ਟਿੰਪੀ ਕੁਮਰਾ।

# ਦੀਵਾਲੀ ਮੌਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਪਟਾਕੇ ਨਾ ਚਲਾਏ ਜਾਣ-ਕੈਰੋਂ

ਚੁਗਿੱਟੀ/ਜੰਡੂ ਸਿੰਘਾ, 19 ਅਕਤੂਬਰ (ਨਰਿੰਦਰ ਲਾਗੂ)-ਦੇਸ਼ ਭਰ ਵਿੱਚ ਅੱਜ ਮਨਾਏ ਜਾ ਰਹੇ ਸਾਂਝੀਵਾਲਤਾ ਦੇ ਪ੍ਰਤੀਕ ਦੀਵਾਲੀ ਦੇ ਤਿਉਹਾਰ ਮੌਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਪਟਾਕੇ ਨਾ ਚਲਾਏ ਜਾਣ। ਇਹ ਪ੍ਰਗਟਾਵਾ ਗੱਲਬਾਤ ਕਰਦੇ ਹੋਏ ਐਂਟੀ ਕ੍ਰਾਈਮ ਐਂਟੀ ਕਰੱਪਸ਼ਨ ਐਸੋਸੀਏਸ਼ਨ ਨੀਤੀ ਅਯੋਗ ਦੇ ਰਾਸ਼ਟਰੀ ਪ੍ਰਧਾਨ ਸੁਰਿੰਦਰ ਸਿੰਘ ਕੈਰੋਂ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਲਗਾਤਾਰ ਦਰੱਖਤਾਂ ਦੀ ਘਾਟ ਅਤੇ ਵੱਖ -ਵੱਖ ਪ੍ਰਕਾਰ ਦੇ ਵਾਹਨਾਂ ਦੀ ਗਿਣਤੀ ਕਾਰਨ ਇੱਕ ਤਾਂ ਪਹਿਲਾਂ ਹੀ ਵਾਤਾਵਰਣ ਕਾਫੀ ਪ੍ਰਭਾਵਿਤ ਹੋ ਰਿਹਾ ਹੈ ਦੂਜੇ ਪਾਸੇ ਆਏ ਦਿਨ ਤਿਉਹਾਰਾਂ ਦੌਰਾਨ ਲਾਪ੍ਰਵਾਹੀ ਨਾਲ ਪਟਾਕਿਆਂ ਦੀ ਕੀਤੀ ਜਾਂਦੀ ਵਰਤੋਂ ਨਾਲ ਵਾਤਾਵਰਣ ਬੜਾ ਵਿਗੜ ਰਿਹਾ ਹੈ ਜਿਸ ਨਾਲ ਹਰ ਉਮਰ ਵਰਗ ਦੇ ਲੋਕਾਂ ਨੂੰ ਖ਼ਤਰਨਾਕ ਬਿਮਾਰੀਆਂ ਘੇਰਾ ਪਾ ਰਹੀਆਂ ਹਨ। ਉਨ੍ਹਾਂ ਕਿਹਾ ਇਸ ਮਸਲੇ ਪ੍ਰਤੀ ਸਰਕਾਰ ਨੂੰ ਚਾਹੀਦਾ ਹੈ ਕਿ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਕੰਮ ਕੀਤਾ ਜਾਵੇ। ਉਨ੍ਹਾਂ ਤਿਉਹਾਰਾਂ ਦੇ ਦੌਰਾਨ ਵਿੱਕ ਰਹੀਆਂ ਮਠਿਆਈਆਂ ਵਿੱਚ ਕੀਤੀ ਜਾ ਰਹੀ ਮਿਲਾਵਟ ਦੇ ਮੁੱਦੇ ਪ੍ਰਤੀ ਚਿੰਤਾ ਜ਼ਾਹਰ ਕਰਦਿਆਂ ਆਖਿਆ ਕਿ ਇਸ ਦੇ ਮੱਦੇਨਜ਼ਰ ਉਨ੍ਹਾਂ ਵਲੋਂ ਉਨ੍ਹਾਂ ਵੱਲੋਂ ਸਿਹਤ ਵਿਭਾਗ ਦੇ ਧਿਆਨ ਵਿੱਚ ਲਿਆਕੇ ਬਣਦੀ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ ਸੀ ਪਰ ਲੱਗਦਾ ਨਹੀਂ ਹੈ ਕਿ ਕੋਈ ਅਧਿਕਾਰੀ ਕਿਸੇ ਪਾਸੇ ਗਿਆ ਹੋਵੇਗਾ। ਕੈਰੋਂ ਨੇ ਆਖਿਆ ਕਿ ਅਗਾਮੀ ਦਿਨਾਂ ਵਿੱਚ ਉਨ੍ਹਾਂ ਵੱਲੋਂ ਸੂਬੇ ਦੇ ਮੁੱਖ ਮੰਤਰੀ ਹੁਰਾਂ ਨੂੰ ਮਿਲਕੇ ਇਸ ਸਮੱਸਿਆਂ ਪ੍ਰਤੀ ਗੰਭੀਰਤਾ ਵਰਤਣ ਦੀ ਅਰਜ਼ੋਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਲੋਕਾਂ ਵਿਰੁੱਧ ਪੁਲਿਸ ਵੱਲੋਂ ਵੀ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।



# ਵਾਤਵਾਰਨ ਦੀ ਸੰਭਾਲ ਲਈ ਪ੍ਰਦੂਸ਼ਣ ਮੁਕਤ ਹਰੀ ਦੀਵਾਲੀ ਮਨਾਈ ਜਾਵੇ-ਰਾਮ ਸਿੰਘ ਕੋਹਾੜ

ਸ਼ਾਹਕੋਟ, 19 ਅਕਤੂਬਰ (ਦਲਜੀਤ ਸਿੰਘ ਸਚਦੇਵਾ)-ਪਿੰਡ ਕੋਹਾੜ ਕਲਾਂ (ਸ਼ਾਹਕੋਟ) ਦੇ ਸਮਾਜ ਸੇਵਕ ਤੇ ਪਹਿਲਵਾਨ ਰਾਮ ਸਿੰਘ ਕੋਹਾੜ ਨੇ ਇਲਾਕਾ ਨਿਵਾਸੀਆਂ ਨੂੰ ਪ੍ਰਦੂਸ਼ਣ ਮੁਕਤ ਹਰੀ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੀਵਾਲੀ ਇਕ ਰੌਸ਼ਨੀਆਂ ਤੇ ਖ਼ੁਸ਼ੀਆਂ ਦਾ ਤਿਉਹਾਰ ਹੈ, ਇਹ ਤਿਉਹਾਰ ਸਾਨੂੰ ਲੋੜਵੰਦਾਂ ਦੀ ਮਦਦ ਕਰਕੇ ਮਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੀਵਾਲੀ ਮੌਕੇ ਸਾਨੂੰ ਪਟਾਕੇ ਬਿਲਕੁਲ ਵੀ ਨਹੀਂ ਚਲਾਉਣੇ ਚਾਹੀਦੇ, ਕਿਉਂਕਿ ਪਟਾਕਿਆਂ ਤੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਸਾਹ ਦੀਆਂ ਬਿਮਾਰੀਆਂ ਵਾਲੇ ਮਰੀਜ਼ਾਂ ਲਈ ਬਹੁਤ ਖ਼ਤਰਨਾਕ ਹੈ, ਇਸ ਨਾਲ ਉਨ੍ਹਾਂ ਦੀ ਪ੍ਰਸ਼ਾਨੀ ਹੋਰ ਵੀ ਵੱਧ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਮੌਕੇ ਸਾਨੂੰ ਇਕ-ਇਕ ਪੌਦਾ ਲਗਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ ਤੇ ਆਸ-ਪਾਸ ਰਹਿੰਦੇ ਲੋਕਾਂ ਨੂੰ ਵੀ ਇਸ ਸੰਬੰਧੀ ਜਾਗਰੂਕ ਕਰਨਾ ਚਾਹੀਦਾ ਹੈ। ਹਰ ਇਕ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੀ ਤੇ ਦੂਜਿਆਂ ਦੀ ਸਿਹਤ ਨੂੰ ਸੁਰੱਖਿਅਤ ਰੱਖੇ ਤੇ ਬੂਟੇ ਲਗਾ ਕੇ ਹਰੀ ਦੀਵਾਲੀ ਮਨਾਏ।



ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਨਹਿਰੂ ਗਾਰਡਨ ਰੋਡ ਜਲੰਧਰ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: 7107/59

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Nehru Garden Road, Jalandhar
RNI Regd. No:- 7107/59

